SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 11 | Thursday, 16 January 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



# ਆਪਣੇ ਵਿਦਾਇਗੀ ਭਾਸ਼ਣ ਵਿੱਚ, ਬਾਇਡਨ ਨੇ ਕਿਹਾ: ਅਮੀਰਾਂ ਦਾ ਵਧ ਰਿਹਾ ਦਬਦਬਾ ਲੋਕਤੰਤਰ ਲਈ ਖ਼ਤਰਾ



ਵਾਸ਼ਿੰਗਟਨ, 15 ਜਨਵਰੀ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਬੁੱਧਵਾਰ ਦੇਰ ਰਾਤ ਓਵਲ ਦਫ਼ਤਰ ਵਿੱਚ ਆਪਣਾ ਵਿਦਾਇਗੀ ਭਾਸ਼ਣ ਦਿੱਤਾ। ਬਾਇਡਨ ਨੇ ਆਪਣੇ ਆਖਰੀ ਭਾਸ਼ਣ ਵਿੱਚ ਕਿਹਾ ਸੀ ਕਿ ਦੇਸ਼ ਵਿੱਚ ਅਮੀਰ ਲੋਕਾਂ ਦੇ ਇੱਕ ਛੋਟੇ ਵਰਗ ਦਾ ਦਬਦਬਾ ਵਧ ਰਿਹਾ ਹੈ। ਇਹ ਦੇਸ਼ ਅਤੇ ਲੋਕਤੰਤਰ ਲਈ ਖ਼ਤਰਾ ਪੈਦਾ ਕਰ ਰਿਹਾ ਹੈ।

ਉਨ੍ਹਾਂ ਨੇ ਦੇਸ਼ ਵਿੱਚ ਤਕਨੀਕੀ-ਉਦਯੋਗਿਕ ਕੰਪਲੈਕਸ ਦੇ ਵਧਣ 'ਤੇ ਚਿੰਤਾ ਪ੍ਰਗਟ ਕੀਤੀ। ਬਾਇਡਨ ਨੇ ਇਸਨੂੰ ਅਮਰੀਕੀ ਨਾਗਰਿਕਾਂ ਦੇ ਅਧਿਕਾਰਾਂ ਲਈ ਖ਼ਤਰਾ ਦੱਸਿਆ। ਆਪਣੇ ਕਾਰਜਕਾਲ ਬਾਰੇ ਗੱਲ ਕਰਦਿਆਂ, ਉਨ੍ਹਾਂ ਨੇ ਕਿਹਾ ਕਿ ਅਸੀਂ ਜੋ ਵੀ ਕੀਤਾ ਹੈ, ਉਸਦਾ ਪ੍ਰਭਾਵ ਦਿਸਣ ਵਿੱਚ ਸਮਾਂ ਲੱਗੇਗਾ, ਪਰ ਬੀਜ ਬੀਜੇ ਜਾ ਚੁੱਕੇ ਹਨ, ਉਹ ਆਉਣ ਵਾਲੇ ਦਹਾਕਿਆਂ ਤੱਕ ਖਿੜਨਗੇ।

ਬਾਇਡਨ ਨੇ ਬੁੱਧਵਾਰ ਸਵੇਰੇ ਇੱਕ ਪੱਤਰ ਵੀ ਜਾਰੀ ਕੀਤਾ। ਇਸ ਵਿੱਚ, ਉਨ੍ਹਾਂ ਨੇ ਮੰਨਿਆ ਕਿ ਵਾਅਦੇ ਅਧੂਰੇ ਰਹੇ।

ਬਾਇਡਨ ਦਾ ਇਹ ਭਾਸ਼ਣ ਟਰੰਪ ਦੇ ਅਹੁਦਾ ਸੰਭਾਲਣ ਤੋਂ ਸਿਰਫ਼ ਪੰਜ ਦਿਨ ਪਹਿਲਾਂ ਆਇਆ ਸੀ। ਓਵਲ ਦਫ਼ਤਰ ਵਿੱਚ ਆਪਣੇ ਆਖਰੀ ਭਾਸ਼ਣ ਵਿੱਚ, ਉਨ੍ਹਾਂ ਨੇ ਆਪਣੇ 50 ਸਾਲਾਂ ਦੇ ਰਾਜਨੀਤਿਕ ਜੀਵਨ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਅਮਰੀਕਾ ਵਿੱਚ ਹੀ ਹੋ ਸਕਦਾ ਹੈ, ਜਿੱਥੇ ਇੱਕ ਹਕਲਾਉਂਦਾ ਬੱਚਾ ਰਾਸ਼ਟਰਪਤੀ ਬਣ ਜਾਂਦਾ ਹੈ।

# 15 ਮਹੀਨਿਆਂ ਬਾਅਦ ਹਮਾਸ-ਇਜ਼ਰਾਈਲ ਦੀ ਜੰਗਬੰਦੀ 'ਤੇ ਸਹਿਮਤੀ, ਹਮਾਸ ਨੇ ਸ਼ਰਤਾਂ ਮੰਨੀਆਂ

## 19 ਜਨਵਰੀ ਤੋਂ ਜੰਗਬੰਦੀ ਹੋਵੇਗੀ ਲਾਗੂ



ਦੋਹਾ, 15 ਜਨਵਰੀ (ਪੋਸਟ ਬਿਊਰੋ): ਇਜ਼ਰਾਈਲ ਅਤੇ ਹਮਾਸ, ਗਾਜ਼ਾ ਵਿੱਚ 15 ਮਹੀਨਿਆਂ ਤੋਂ ਚੱਲ ਰਹੀ ਜੰਗ ਨੂੰ ਰੋਕਣ ਲਈ ਸਹਿਮਤ ਹੋ ਗਏ ਹਨ। ਜੰਗਬੰਦੀ ਦੌਰਾਨ, ਹਮਾਸ, ਗਾਜ਼ਾ ਵਿੱਚ ਬੰਧਕ ਬਣਾਏ ਗਏ ਇਜ਼ਰਾਈਲੀ ਨਾਗਰਿਕਾਂ ਨੂੰ ਰਿਹਾਅ ਕਰੇਗਾ। ਬਦਲੇ ਵਿੱਚ, ਇਜ਼ਰਾਈਲ ਹਮਾਸ ਦੇ ਲੋਕਾਂ ਨੂੰ ਵੀ ਰਿਹਾਅ ਕਰੇਗਾ।

ਹਾਲਾਂਕਿ, ਜੰਗਬੰਦੀ ਬਾਰੇ ਅਧਿਕਾਰਤ ਐਲਾਨ ਹਾਲੇ ਹੋਣਾ ਬਾਕੀ ਹੈ। ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਦੇ ਦਫ਼ਤਰ ਨੇ ਕਿਹਾ ਕਿ ਹਮਾਸ ਨਾਲ ਹਾਲੇ ਤੱਕ ਜੰਗਬੰਦੀ ਦਾ ਸਮਝੌਤਾ ਨਹੀਂ ਹੋਇਆ ਹੈ। ਅੰਤਿਮ ਵੇਰਵਿਆਂ 'ਤੇ ਗੱਲਬਾਤ ਜਾਰੀ ਹੈ।

ਦੂਜੇ ਪਾਸੇ, ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਅਤੇ ਕਤਰ ਦੇ ਪ੍ਰਧਾਨ ਮੰਤਰੀ ਸ਼ੇਖ ਮੁਹੰਮਦ ਬਿਨ ਅਬਦੁਲ ਰਹਿਮਾਨ ਬਿਨ ਜਾਸਿਮ ਅਲ ਥਾਨੀ ਨੇ ਜੰਗਬੰਦੀ ਸਮਝੌਤੇ ਦੀ ਪੁਸ਼ਟੀ ਕੀਤੀ। ਥਾਨੀ ਨੇ ਕਿਹਾ ਕਿ ਜੰਗਬੰਦੀ 19 ਜਨਵਰੀ ਤੋਂ ਲਾਗੂ ਹੋਵੇਗੀ।

ਅਲਜਜ਼ੀਰਾ ਅਨੁਸਾਰ, ਥਾਨੀ ਨੇ ਬੁੱਧਵਾਰ ਨੂੰ ਹਮਾਸ ਅਤੇ ਇਜ਼ਰਾਈਲ ਦੇ ਪ੍ਰਤੀਨਿਧੀਆਂ ਨਾਲ ਮੁਲਾਕਾਤ ਕੀਤੀ, ਜਿਸ ਤੋਂ ਬਾਅਦ ਇਹ ਸਮਝੌਤਾ ਪੂਰਾ ਹੋਇਆ।

ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀ ਕਿਹਾ ਕਿ ਗਾਜ਼ਾ ਵਿੱਚ ਜੰਗਬੰਦੀ ਸਮਝੌਤਾ ਹੋ ਗਿਆ ਹੈ। ਸਾਡੇ ਕੋਲ ਮੱਧ ਪੂਰਬ ਵਿੱਚ ਬੰਧਕਾਂ ਲਈ ਇੱਕ ਸੰਧੀ ਹੈ। ਉਸਨੂੰ ਜਲਦੀ ਹੀ ਰਿਹਾਅ ਕਰ ਦਿੱਤਾ ਜਾਵੇਗਾ।

ਗਾਜ਼ਾ ਵਿੱਚ 7 ਅਕਤੂਬਰ 2023 ਤੋਂ ਇਜ਼ਰਾਈਲ ਅਤੇ ਹਮਾਸ ਵਿਚਕਾਰ ਜੰਗ ਚੱਲ ਰਹੀ ਹੈ। ਇਸ ਵਿੱਚ ਦੋਨਾਂ ਪਾਸਿਆਂ ਦੇ 47 ਹਜ਼ਾਰ ਤੋਂ ਵੱਧ ਲੋਕ ਮਾਰੇ ਗਏ ਹਨ।

# ਅਮਰੀਕਾ ਨੇ ਭਾਰਤ ਦੀਆਂ ਤਿੰਨ ਪ੍ਰਮਾਣੂ ਸੰਸਥਾਵਾਂ 'ਤੇ ਲੱਗੀ ਪਾਬੰਦੀ ਹਟਾਈ



ਨਵੀਂ ਦਿੱਲੀ, 15 ਜਨਵਰੀ (ਪੋਸਟ ਬਿਊਰੋ): ਅਮਰੀਕਾ ਨੇ ਬੁੱਧਵਾਰ ਨੂੰ ਤਿੰਨ ਭਾਰਤੀ ਪਰਮਾਣੂ ਸੰਸਥਾਵਾਂ ਤੋਂ 20 ਸਾਲ ਪੁਰਾਣੀ ਪਾਬੰਦੀ ਹਟਾ ਦਿੱਤੀ। ਇਨ੍ਹਾਂ ਵਿੱਚ ਭਾਬਾ ਪਰਮਾਣੂ ਖੋਜ ਕੇਂਦਰ, ਇੰਦਰਾ ਗਾਂਧੀ ਪਰਮਾਣੂ ਖੋਜ ਕੇਂਦਰ ਅਤੇ ਇੰਡੀਅਨ ਰੇਅਰ ਅਰਥ ਦੇ ਨਾਮ ਸ਼ਾਮਿਲ ਹਨ।

ਇਸ ਦੇ ਨਾਲ ਹੀ ਅਮਰੀਕਾ ਨੇ ਰਾਸ਼ਟਰੀ ਸੁਰੱਖਿਆ ਸੰਬੰਧੀ ਪਾਬੰਦੀਆਂ ਦੀ ਸੂਚੀ ਵਿੱਚ 11 ਚੀਨੀ ਸੰਸਥਾਵਾਂ ਨੂੰ ਸ਼ਾਮਿਲ ਕੀਤਾ ਹੈ। ਯੂਨਾਈਟਿਡ ਸਟੇਟਸ ਬਿਊਰੋ ਆਫ਼ ਇੰਡਸਟਰੀ ਐਂਡ ਸਕਿਓਰਿਟੀ (ਬੀਆਈਐੱਸ) ਨੇ ਇਸਦੀ ਪੁਸ਼ਟੀ ਕੀਤੀ ਹੈ।

ਅਮਰੀਕਾ ਦਾ ਇਹ ਫੈਸਲਾ 6 ਜਨਵਰੀ ਨੂੰ ਅਮਰੀਕੀ ਐੱਨਐੱਸਏ ਜੇਕ ਸੁਲੀਵਾਨ ਦੀ ਭਾਰਤ ਫੇਰੀ ਤੋਂ ਬਾਅਦ ਆਇਆ ਹੈ। ਸੁਲੀਵਾਨ ਨੇ ਆਈਆਈਟੀ ਦਿੱਲੀ ਵਿਖੇ ਕਿਹਾ ਸੀ ਕਿ ਅਮਰੀਕਾ ਉਨ੍ਹਾਂ ਨਿਯਮਾਂ ਨੂੰ ਹਟਾ ਦੇਵੇਗਾ ਜੋ ਭਾਰਤੀ ਪ੍ਰਮਾਣੂ ਸੰਸਥਾਵਾਂ ਅਤੇ ਅਮਰੀਕੀ ਕੰਪਨੀਆਂ ਵਿਚਕਾਰ ਸਹਿਯੋਗ ਵਿੱਚ ਰੁਕਾਵਟ ਪਾ ਰਹੇ ਸਨ।

ਉਨ੍ਹਾਂ ਕਿਹਾ ਸੀ ਕਿ ਲਗਭਗ 20 ਸਾਲ ਪਹਿਲਾਂ, ਸਾਬਕਾ ਰਾਸ਼ਟਰਪਤੀ ਬੁਸ਼ ਅਤੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਨੇ ਪ੍ਰਮਾਣੂ ਸਮਝੌਤੇ ਦੇ ਇੱਕ ਦੂਰਦਰਸ਼ੀ ਵਿਚਾਰ ਦੀ ਨੀਂਹ ਰੱਖੀ ਸੀ, ਜਿਸਨੂੰ ਹੁਣ ਸਾਨੂੰ ਪੂਰੀ ਤਰ੍ਹਾਂ ਹਕੀਕਤ ਬਣਾਉਣਾ ਹੈ।

ਦਰਅਸਲ, ਭਾਰਤ ਨੇ 11-13 ਮਈ 1998 ਨੂੰ ਰਾਜਸਥਾਨ ਦੇ ਪੋਖਰਣ ਵਿੱਚ ਪ੍ਰਮਾਣੂ ਪ੍ਰੀਖਣ ਕੀਤੇ ਸਨ। ਇਸ ਪ੍ਰੀਖਣ ਨੂੰ ਆਪਰੇਸ਼ਨ ਸ਼ਕਤੀ ਵਜੋਂ ਜਾਣਿਆ ਜਾਂਦਾ ਸੀ। ਇਨ੍ਹਾਂ ਪ੍ਰੀਖਣਾਂ ਕਾਰਨ, ਕਈ ਦੇਸ਼ਾਂ ਨੇ ਭਾਰਤ 'ਤੇ ਆਰਥਿਕ ਪਾਬੰਦੀਆਂ ਲਗਾ ਦਿੱਤੀਆਂ। ਫਿਰ ਅਮਰੀਕਾ ਨੇ 200 ਤੋਂ ਵੱਧ ਭਾਰਤੀ ਸੰਸਥਾਵਾਂ 'ਤੇ ਪਾਬੰਦੀਆਂ ਲਗਾ ਦਿੱਤੀਆਂ ਸਨ।

# ਦੱਖਣੀ ਕੋਰੀਆ ਵਿੱਚ ਗੱਦੀਓਂ ਲਾਹੇ ਰਾਸ਼ਟਰਪਤੀ ਗ੍ਰਿਫ਼ਤਾਰ, ਪਿਛਲੇ ਮਹੀਨੇ ਐਮਰਜੈਂਸੀ ਲਗਾਈ ਸੀ



ਸਿਓਲ, 15 ਜਨਵਰੀ (ਪੋਸਟ ਬਿਊਰੋ): ਦੱਖਣੀ ਕੋਰੀਆ ਦੇ ਗੱਦੀਓਂ ਲਾਹੇ ਰਾਸ਼ਟਰਪਤੀ ਯੂਨ ਸੁਕ-ਯੋਲ ਨੂੰ ਪੁਲਿਸ ਨੇ ਬੁੱਧਵਾਰ ਨੂੰ ਉਨ੍ਹਾਂ ਦੇ ਨਿਵਾਸ ਸਥਾਨ ਤੋਂ ਗ੍ਰਿਫ਼ਤਾਰ ਕਰ ਲਿਆ। ਯੋਲ 'ਤੇ 3 ਦਸੰਬਰ, 2024 ਨੂੰ ਦੇਸ਼ ਵਿੱਚ ਮਾਰਸ਼ਲ ਲਾਅ ਲਗਾਉਣ ਲਈ ਅਪਰਾਧਿਕ ਜਾਂਚ ਅਧੀਨ ਹੈ।

ਮਾਰਸ਼ਲ ਲਾਅ ਦੇ ਫੈਸਲੇ ਨੂੰ ਦੇਸ਼ ਦੀ ਸੰਸਦ ਨੇ ਸਿਰਫ਼ 3 ਘੰਟਿਆਂ ਬਾਅਦ ਹੀ ਉਲਟਾ ਦਿੱਤਾ। ਇਸ ਤੋਂ ਬਾਅਦ, 14 ਦਸੰਬਰ ਨੂੰ, ਸੰਸਦ ਵਿੱਚ ਯੋਲ ਵਿਰੁੱਧ ਮਹਾਂਦੋਸ਼ ਪ੍ਰਸਤਾਵ ਲਿਆਂਦਾ ਗਿਆ ਅਤੇ ਉਨ੍ਹਾਂ ਨੂੰ ਅਹੁਦੇ ਤੋਂ ਹਟਾ ਦਿੱਤਾ ਗਿਆ। ਮਹਾਂਦੋਸ਼ ਦੀ ਸੁਣਵਾਈ 14 ਜਨਵਰੀ ਨੂੰ ਸੁਪਰੀਮ ਕੋਰਟ ਵਿੱਚ ਹੋਣੀ ਸੀ, ਜਿਸ ਲਈ ਯੋਲ ਨੂੰ ਅਦਾਲਤ ਵਿੱਚ ਪੇਸ਼ ਹੋਣਾ ਪਿਆ। ਯੋਲ ਕੱਲ੍ਹ ਅਦਾਲਤ ਵਿੱਚ ਪੇਸ਼ ਨਹੀਂ ਹੋਏ। ਇਸ ਤੋਂ ਬਾਅਦ ਅੱਜ ਸਵੇਰੇ ਜਾਂਚ ਏਜੰਸੀਆਂ ਵੱਲੋਂ ਉਨ੍ਹਾਂ ਵਿਰੁੱਧ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤਾ ਗਿਆ। ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਆਈ ਪੁਲਿਸ ਨੂੰ ਮੌਕੇ 'ਤੇ ਹੀ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪਿਆ। ਜਾਣਕਾਰੀ ਅਨੁਸਾਰ, ਗ੍ਰਿਫ਼ਤਾਰੀ ਲਈ 1000 ਤੋਂ ਵੱਧ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਸਨ।

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸੇਬਿਲਟੀ ਸਪੋਰਟ ਪ੍ਰੋਗਰਾਮ ਲਈ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ
ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVer CPA
Professional Corporation
214-7895 Tranmere Drive, Mississauga ON L5S 1V9



Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

NANNY NEEDED ਨੈਨੀ ਦੀ ਲੋੜ
ਬਰੈਂਪਟਨ ਵਿੱਚ ਰਹਿੰਦੇ ਪਰਿਵਾਰ ਨੂੰ ਘਰ ਦੇ ਕੰਮਕਾਜ ਲਈ ਨੈਨੀ ਦੀ ਤੁਰੰਤ ਲੋੜ ਹੈ। ਨੈਨੀ ਦੀ ਉਮਰ 50-55 ਸਾਲ ਹੋਣੀ ਚਾਹੀਦੀ ਹੈ।
ਸੰਪਰਕ: 426-556-6884

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends
Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ShergGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca



# ਅਰਵਿੰਦ ਕੇਜਰੀਵਾਲ ਵਿਰੁੱਧ ਮਨੀ ਲਾਂਡਰਿੰਗ ਮਾਮਲੇ ’ਚ ਮੁਕੱਦਮਾ ਚਲਾਉਣ ਦੀ ਈਡੀ ਨੂੰ ਮਿਲੀ ਮਨਜ਼ੂਰੀ

ਨਵੀਂ ਦਿੱਲੀ, 15 ਜਨਵਰੀ (ਪੋਸਟ ਬਿਊਰੋ): ਗ੍ਰਹਿ ਮੰਤਰਾਲੇ ਨੇ ਕਥਿਤ ਸ਼ਰਾਬ ਘਪਲੇ ਮਾਮਲੇ ’ਚ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ’ਤੇ ਮੁਕੱਦਮਾ ਚਲਾਉਣ ਦੀ ਇਜਾਜ਼ਤ ਦੇ ਦਿੱਤੀ ਹੈ। ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੂੰ ਅਰਵਿੰਦ ਕੇਜਰੀਵਾਲ ਵਿਰੁੱਧ ਮਨੀ ਲਾਂਡਰਿੰਗ ਮਾਮਲੇ ’ਚ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇ ਦਿੱਤੀ ਹੈ।



ਜ਼ਿਕਰਯੋਗ ਹੈ ਕਿ ਪਿਛਲੇ ਸਾਲ ਨਵੰਬਰ ’ਚ ਸੁਪਰੀਮ ਕੋਰਟ ਨੇ ਹੁਕਮ ਦਿੱਤਾ ਸੀ ਕਿ ਕਿਸੇ ਸਰਕਾਰੀ ਕਰਮਚਾਰੀ ’ਤੇ ਮੁਕੱਦਮਾ ਚਲਾਉਣ ਲਈ ਅਥਾਰਟੀ ਦੀ ਇਜਾਜ਼ਤ ਦੀ ਲੋੜ ਹੋਵੇਗੀ। ਈਡੀ ਨੇ ਅਰਵਿੰਦ ਕੇਜਰੀਵਾਲ ਨੂੰ ਇਸ ਮਾਮਲੇ ਦਾ ਮਾਸਟਰਮਾਈਂਡ ਅਤੇ ਕਿੰਗਪਿਨ ਦੱਸਿਆ ਸੀ।

ਦੱਸਿਆ ਜਾ ਰਿਹਾ ਹੈ ਕਿ ਕੇਂਦਰੀ ਗ੍ਰਹਿ ਮੰਤਰਾਲੇ ਨੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਵਿਰੁੱਧ ਆਬਕਾਰੀ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ’ਚ ਮੁਕੱਦਮਾ ਚਲਾਉਣ ਲਈ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੂੰ ਮਨਜ਼ੂਰੀ ਦੇ ਦਿੱਤੀ ਹੈ। ਸੰਘੀ ਏਜੰਸੀ ਨੇ ਪਿਛਲੇ ਸਾਲ ਮਾਰਚ ’ਚ ਕੇਜਰੀਵਾਲ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਇੱਕ ਵਿਸ਼ੇਸ਼ ਮਨੀ ਲਾਂਡਰਿੰਗ ਰੋਕਥਾਮ ਐਕਟ ਅਦਾਲਤ ’ਚ ਦੋਸ਼ ਪੱਤਰ ਦਾਇਰ ਕੀਤਾ ਸੀ।

ਇਹ ਆਬਕਾਰੀ ਮਾਮਲਾ ਦਿੱਲੀ ਸਰਕਾਰ ਦੀ ਆਬਕਾਰੀ ਨੀਤੀ 2021-22 ਦੇ ਨਿਰਮਾਣ ਅਤੇ ਲਾਗੂ ਕਰਨ ‘ਚ ਕਥਿਤ ਬੇਨਿਯਮੀਆਂ ਅਤੇ ਭ੍ਰਿਸ਼ਟਾਚਾਰ ਨਾਲ ਸਬੰਧਤ ਹੈ। ਇਹ ਨੀਤੀ ਰੱਦ ਕਰ ਦਿੱਤੀ ਗਈ ਸੀ।

# ਦਿੱਲੀ ਦੇ ਮਾਲ ਵਿਚ ਬੱਚਾ ਐਸਕੇਲੇਟਰ ਰੇਲਿੰਗ ਤੋਂ ਡਿੱਗਿਆ, ਮੌਤ

ਨਵੀਂ ਦਿੱਲੀ, 15 ਜਨਵਰੀ (ਪੋਸਟ ਬਿਊਰੋ): ਦਿੱਲੀ ਦੇ ਤਿਲਕ ਨਗਰ ਸਥਿਤ ਪੈਸੀਫਿਕ ਮਾਲ ਵਿੱਚ ਇੱਕ ਦਰਦਨਾਕ ਹਾਦਸੇ ਵਿੱਚ ਇੱਕ ਮਾਸੂਮ ਬੱਚੇ ਦੀ ਜਾਨ ਚਲੀ ਗਈ। ਉੱਤਮ ਨਗਰ ਦੇ ਕੁਝ ਪਰਿਵਾਰ ਫਿਲਮ ਦੇਖਣ ਲਈ ਮਾਲ ਪਹੁੰਚੇ ਸਨ, ਜਿੱਥੇ ਇਹ ਹਾਦਸਾ ਵਾਪਰਿਆ। ਘਟਨਾ ਦੌਰਾਨ ਬੱਚਾ ਐਸਕੇਲੇਟਰ ਰੇਲਿੰਗ ਤੋਂ ਡਿੱਗ ਪਿਆ ਅਤੇ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ, ਜਿਸ ਤੋਂ ਬਾਅਦ ਉਸਨੂੰ ਹਸਪਤਾਲ ਵਿੱਚ ਮ੍ਰਿਤਕ ਐਲਾਨ ਦਿੱਤਾ ਗਿਆ।

ਪੁਲਿਸ ਅਨੁਸਾਰ, ਉੱਤਮ ਨਗਰ ਦੀਆਂ ਔਰਤਾਂ ਟਿਕਟਾਂ ਖਰੀਦਣ ਵਿੱਚ ਰੁੱਝੀਆਂ ਹੋਈਆਂ ਸਨ ਜਦੋਂ ਉਨ੍ਹਾਂ ਦਾ ਬੱਚਾ ਐਸਕੇਲੇਟਰ ਦੇ ਨੇੜੇ ਪਹੁੰਚਿਆ। ਉੱਥੇ ਹੀ ਚਸ਼ਮਦੀਦਾਂ ਨੇ ਦੱਸਿਆ ਕਿ ਬੱਚਾ ਰੇਲਿੰਗ ਦੀ ਮਦਦ ਨਾਲ ਝੂਲਣ ਦੀ ਕੋਸ਼ਿਸ਼ ਕਰ ਰਿਹਾ ਸੀ, ਪਰ ਅਚਾਨਕ



ਉਹ ਆਪਣਾ ਸੰਤੁਲਨ ਗੁਆ ਬੈਠਾ ਅਤੇ ਉਚਾਈ ਤੋਂ ਡਿੱਗ ਪਿਆ।

ਜ਼ਖਮੀ ਬੱਚੇ ਨੂੰ ਤੁਰੰਤ ਦੀਨ ਦਿਆਲ ਉਪਾਧਿਆਏ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਦੀ ਮੌਤ ਦੀ ਪੁਸ਼ਟੀ ਕਰ ਦਿੱਤੀ। ਇਸ ਘਟਨਾ ਤੋਂ ਬਾਅਦ ਪਰਿਵਾਰ ਡੂੰਘੇ ਸਦਮੇ ਵਿੱਚ ਹੈ।

ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਮਾਲ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਸਕੈਨ ਕਰ ਰਹੀ ਹੈ। ਇਹ ਹਾਦਸਾ ਸ਼ਾਮ 5:45 ਵਜੇ ਦੇ ਕਰੀਬ ਵਾਪਰਿਆ।

# ਰਾਹੁਲ ਗਾਂਧੀ ਨੇ ਵਿਧਾਨ ਸਭਾ ਚੋਣਾਂ ਬਾਰੇ ਚੋਣ ਪ੍ਰਕਿਰਿਆ ’ਤੇ ਚੁੱਕੇ ਸਵਾਲ



ਨਵੀਂ ਦਿੱਲੀ, 15 ਜਨਵਰੀ (ਪੋਸਟ ਬਿਊਰੋ): ਕਾਂਗਰਸ ਨੇ ਦੁਬਾਰਾ ਫਿਰ ਭਾਰਤ ਦੀ ਚੋਣ ਪ੍ਰਣਾਲੀ ’ਤੇ ਵੱਡੇ ਸਵਾਲ ਖੜ੍ਹੇ ਕੀਤੇ ਹਨ। ਲੋਕ ਸਭਾ ’ਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਮਹਾਰਾਸ਼ਟਰ ਅਤੇ ਹਰਿਆਣਾ ਸਮੇਤ ਹਾਲ ਹੀ ’ਚ ਹੋਈਆਂ ਵਿਧਾਨ ਸਭਾ ਚੋਣਾਂ ਦਾ ਹਵਾਲਾ ਦਿੰਦੇ ਹੋਏ ਚੋਣ ਪ੍ਰਕਿਰਿਆ ’ਤੇ ਸਵਾਲ ਚੁੱਕੇ ਹਨ।

ਰਾਹੁਲ ਗਾਂਧੀ ਨੇ ਪ੍ਰਕਿਰਿਆ ਦੀ ਪਾਰਦਰਸ਼ਤਾ ’ਤੇ ਸਵਾਲ ਚੁੱਕਦਿਆਂ ਦਾਅਵਾ ਕੀਤਾ ਕਿ ਦੇਸ਼ ਦੀ ਚੋਣ ਪ੍ਰਣਾਲੀ ’ਚ ਗੰਭੀਰ ਸਮੱਸਿਆਵਾਂ ਹਨ। ਕਾਂਗਰਸ ਦੇ ਸਾਬਕਾ ਪ੍ਰਧਾਨ ਨੇ ਪਾਰਟੀ ਦੇ ਨਵੇਂ ਹੈੱਡਕੁਆਰਟਰ ਦਾ ਉਦਘਾਟਨ ਕਰਨ ਤੋਂ ਬਾਅਦ ਇਹ ਵੀ ਦਾਅਵਾ ਕੀਤਾ ਕਿ ਕਮਿਸ਼ਨ ਮਹਾਰਾਸ਼ਟਰ ਅਤੇ ਹਰਿਆਣਾ ਵਿਧਾਨ ਸਭਾ ਚੋਣਾਂ ‘ਚ ਵੋਟ ਪਾਉਣ ਵਾਲਿਆਂ ਦੇ ਨਾਵਾਂ ਅਤੇ ਪਤਿਆਂ ਵਾਲੀਆਂ ਵੋਟਰ ਸੂਚੀਆਂ ਪ੍ਰਦਾਨ ਕਰਨ ਤੋਂ ਇਨਕਾਰ ਕਰ ਰਿਹਾ ਹੈ, ਹਾਲਾਂਕਿ ਇਸਦਾ ਪਾਰਦਰਸ਼ੀ ਹੋਣਾ ਫਰਜ਼ ਹੈ।

ਰਾਹੁਲ ਗਾਂਧੀ ਦਾ ਕਹਿਣਾ ਹੈ ਕਿ ਇਹ ਨਾ ਸੋਚੋ ਕਿ ਅਸੀਂ ਇੱਕ ਨਿਰਪੱਖ ਲੜਾਈ ਲੜ ਰਹੇ ਹਾਂ। ਜੇ ਤੁਸੀਂ ਮੰਨਦੇ ਹੋ ਕਿ ਅਸੀਂ ਸਿਰਫ਼ ਭਾਜਪਾ ਅਤੇ ਆਰਐੱਸਐੱਸ ਨਾਮਕ ਇੱਕ ਰਾਜਨੀਤਿਕ ਸੰਗਠਨ ਖ਼ਿਲਾਫ ਲੜ ਰਹੇ ਹਾਂ, ਤਾਂ ਅਜਿਹਾ ਨਹੀਂ ਹੈ। ਉਨ੍ਹਾਂ ਨੇ ਸਾਡੇ ਦੇਸ਼ ਦੇ ਲਗਭਗ ਹਰ ਸੰਸਥਾਨ ’ਤੇ ਕਬਜ਼ਾ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਹੁਣ ਕਾਂਗਰਸ ਦੇ ਲੋਕ ਨਾ ਸਿਰਫ਼ ਭਾਜਪਾ ਅਤੇ ਆਰਐਸਐਸ ਵਿਰੁੱਧ ਲੜ ਰਹੇ ਹਨ, ਸਗੋਂ ਸਿਸਟਮ ਵਿਰੁੱਧ ਵੀ ਲੜ ਰਹੇ ਹਨ।

ਉਨ੍ਹਾਂ ਦਾਅਵਾ ਕੀਤਾ ਕਿ ਮੈਂ ਸਪੱਸ਼ਟ ਤੌਰ ’ਤੇ ਕਿਹਾ ਹੈ ਕਿ ਮਹਾਰਾਸ਼ਟਰ ਚੋਣਾਂ ’ਚ ਕੁਝ ਗਲਤ ਹੋਇਆ ਹੈ। ਅਸੀਂ ਚੋਣ ਕਮਿਸ਼ਨ ਦੇ ਕੰਮ ਕਰਨ ਦੇ ਤਰੀਕੇ ਤੋਂ ਖੁਸ਼ ਨਹੀਂ ਹਾਂ। ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਦੌਰਾਨ ਮਹਾਰਾਸ਼ਟਰ ‘ਚ ਲਗਭਗ ਇੱਕ ਕਰੋੜ ਨਵੇਂ ਵੋਟਰਾਂ ਦਾ ਅਚਾਨਕ ਉਭਰਨਾ ਚਿੰਤਾ ਦਾ ਵਿਸ਼ਾ ਹੈ।

ਰਾਹੁਲ ਗਾਂਧੀ ਨੇ ਕਿਹਾ ਕਿ ਇਹ ਚੋਣ ਕਮਿਸ਼ਨ ਦਾ ਫਰਜ਼ ਹੈ ਕਿ ਉਹ ਮਹਾਰਾਸ਼ਟਰ ਅਤੇ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਵੋਟ ਪਾਉਣ ਵਾਲਿਆਂ ਦੇ ਨਾਮ ਅਤੇ ਪਤੇ ਵੋਟਰ ਸੂਚੀ ਵਿੱਚ ਪ੍ਰਦਾਨ ਕਰੇ, ਪਰ ਇਸ ਨੇ ਇਹ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਕਾਂਗਰਸੀ ਆਗੂ ਨੇ ਕਿਹਾ ਕਿ ਸਾਡੀ ਚੋਣ ਪ੍ਰਣਾਲੀ ‘ਚ ਇੱਕ ਗੰਭੀਰ ਸਮੱਸਿਆ ਹੈ। ਚੋਣ ਕਮਿਸ਼ਨ ਦਾ ਫਰਜ਼ ਹੈ ਕਿ ਉਹ ਪਾਰਦਰਸ਼ੀ ਹੋਵੇ।

# 20 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਮਾਲ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 15 ਜਨਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੇ ਮਾਲ ਹਲਕਾ ਚੋਗਾਵਾਂ ਵਿਖੇ ਪਟਵਾਰੀ ਵਜੋਂ ਤਾਇਨਾਤ ਹਰਸਿਮਰਤਜੀਤ ਸਿੰਘ ਨੂੰ 20000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਅੰਮ੍ਰਿਤਸਰ ਦੀ ਤਹਿਸੀਲ ਲੋਪੋਕੇ ਦੇ ਪਿੰਡ ਕੋਹਾਲਾ ਦੇ ਵਸਨੀਕ ਸਰਮੇਲ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਮੁਲਜ਼ਮ ਨੇ ਰਿਸ਼ਵਤ ਮੰਗਣ ਦੇ ਇਰਾਦੇ ਨਾਲ 2019-2020 ਦੀ ਜਮਹਾਂਬੰਦੀ ਵਿੱਚ ਜਾਣਬੁੱਝ ਕੇ ਕੀਤੀ



ਗਈ ਗੜਬੜੀ ਨੂੰ ਠੀਕ ਕਰਨ ਲਈ ਉਸ ਤੋਂ 20,000 ਰੁਪਏ ਰਿਸ਼ਵਤ ਮੰਗੀ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਕੱਲ੍ਹ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:

- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals



Gurpreet Purba
Broker, CRA

416-669-1423
www.purbahomes.com

Tech Spirit

Consultation, Installation & Servicing



Specialized in:
• Analog & IP security cameras • Installation & Maintenance, Upgrade • Video Doorbell Installation

Call: 905-621-4100
7-8770 The Gore Road, Brampton, ON L6P 0B1



1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

# ਮੁੱਖ ਮੰਤਰੀ ਵੱਲੋਂ ਪੰਜਾਬ ਦਾ ਪਹਿਲਾ ਬੁਟੀਕ ਅਤੇ ਵਿਰਾਸਤੀ ਹੋਟਲ ਲੋਕਾਂ ਨੂੰ ਸਮਰਪਿਤ

## * ਸੂਬੇ ਦੇ ਸੈਰ-ਸਪਾਟਾ ਖੇਤਰ ਨੂੰ ਨਵੇਂ ਸਿਖਰ ‘ਤੇ ਲੈ ਜਾਣ ਦਾ ਪ੍ਰਣ ਲਿਆ * ਸੂਬਾ ਸਰਕਾਰ ਸਹੀਦ-ਏ-ਆਜਮ ਭਗਤ ਸਿੰਘ ਦੇ ਜੱਦੀ ਪਿੰਡ ਵਿਖੇ ਵਿਰਾਸਤੀ ਗਲੀ ਦਾ ਕਰੇਗੀ ਨਿਰਮਾਣ

## * ਸਿਆਸੀ ਪਾਰਟੀ ਬਣਾਉਣ ਲਈ ਹਰ ਕੋਈ ਆਜਾਦ ਪਰ ਇਸ ਦੀ ਕਿਸਮਤ ਦਾ ਫੈਸਲਾ ਲੋਕਾਂ ਦੇ ਹੱਥ * ਪੰਜਾਬ ਦੀ ਪਵਿੱਤਰ ਧਰਤੀ ‘ਤੇ ਕਦੇ ਨਹੀਂ ਉੱਗ ਸਕੇਗਾ ਨਫਰਤ ਦਾ ਬੀਜ

ਪਟਿਆਲਾ, 15 ਜਨਵਰੀ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਾਹੀ ਸਹਿਰ ਦੇ ਕਿਲ੍ਹਾ ਮੁਬਾਰਕ ਵਿਖੇ ਬਣਾਇਆ ਗਿਆ ਆਪਣੀ ਕਿਸਮ ਦਾ ਪਹਿਲਾ ਬੁਟੀਕ ਅਤੇ ਵਿਰਾਸਤੀ ਹੋਟਲ ਰਨ ਬਾਸ- ਪੈਲੇਸ ਲੋਕਾਂ ਨੂੰ ਸਮਰਪਿਤ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਬਾਖੂਬੀ ਢੰਗ ਨਾਲ ਡਿਜਾਈਨ ਕੀਤਾ ਗਿਆ ਅਤੇ ਜਨਤਕ ਨਿੱਜੀ ਭਾਈਵਾਲੀ ਤਹਿਤ ਉਸਾਰਿਆ ਗਿਆ ਇਹ ਹੋਟਲ ਐਸ਼ੋ-ਆਰਾਮ, ਮਹਿਮਾਨ ਨਿਵਾਜੀ ਅਤੇ ਸ਼ਾਨੋ-ਸ਼ੌਕਤ ਦੇ ਮਾਪਦੰਡਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਇਆ ਗਿਆ ਹੈ, ਜੋ ਨਵਾਂ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਉਮੀਦ ਜਾਹਰ ਕੀਤੀ ਕਿ ਇਹ ਸਾਨਦਾਰ ਹੋਟਲ ਡੈਸਟੀਨੇਸਨ ਵੈਡਿੰਗ ਅਤੇ ਹੋਰ ਪੱਖੋਂ ਤੋਂ ਲੋਕਾਂ ਲਈ ਪਸੰਦੀਦਾ ਸਥਾਨ ਵਜੋਂ ਉੱਭਰ ਕੇ ਸਾਹਮਣੇ ਆਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਹੋਟਲ ਸੂਬੇ ਵਿੱਚ ਸੈਰ-ਸਪਾਟਾ ਖੇਤਰ ਵਿਸ਼ੇਸ਼ ਕਰ ਕੇ ਸਾਹੀ ਸਹਿਰ ਪਟਿਆਲਾ ਨੂੰ ਵੱਡਾ ਹੁਲਾਰਾ ਦੇਵੇਗਾ।

ਮੁੱਖ ਮੰਤਰੀ ਨੇ ਉਮੀਦ ਜਤਾਈ ਕਿ ਸੈਲਾਨੀ ਇਸ ਹੋਟਲ ਵਿੱਚ ਆਰਾਮਦਾਇਕ ਠਹਿਰ ਅਤੇ ਸੂਬੇ ਦੀ ਨਿੱਘੀ ਮਹਿਮਾਨ ਨਿਵਾਜੀ ਦਾ ਆਨੰਦ ਮਾਣਨਗੇ। ਉਨ੍ਹਾਂ ਕਿਹਾ ਕਿ ਇਹ ਹੋਟਲ ਧਾਰਮਿਕ ਸੈਰ-ਸਪਾਟੇ ਦੇ ਕੇਂਦਰ ਵਜੋਂ ਆਪਣੀ ਮੌਜੂਦਾ ਸਥਿਤੀ ਦੇ ਨਾਲ-ਨਾਲ ਡੈਸਟੀਨੇਸ਼ਨ ਵੈਡਿੰਗ ਲਈ ਤਰਜੀਹੀ ਸਥਾਨ ਵਜੋਂ ਸ਼ਾਹੀ ਸ਼ਹਿਰ ਪਟਿਆਲਾ ਵਿਖੇ ਸੈਰ-ਸਪਾਟੇ ਨੂੰ ਵੱਡਾ ਹੁਲਾਰਾ ਦੇਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪਣੀ ਵਿਲੱਖਣ ਸਾਨ ਤੋਂ ਇਲਾਵਾ ਇਹ ਹੋਟਲ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਅਜਿਹੇ ਪ੍ਰਾਜੈਕਟਾਂ ਰਾਹੀਂ ਪੰਜਾਬ ਨੂੰ ਦੇਸ ਦਾ ਮੋਹਰੀ ਸੈਰ-ਸਪਾਟਾ ਸਥਾਨ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਅਹੁਦਾ ਸੰਭਾਲਣ ਦੇ ਪਹਿਲੇ ਦਿਨ ਤੋਂ ਲੈ ਕੇ ਹੀ ਇਹ ਉਨ੍ਹਾਂ ਦਾ ਸੁਪਨਾ ਰਿਹਾ ਹੈ ਕਿ ਪੰਜਾਬ ਦੀ ਵੰਨ-ਸੁਵੰਨਤਾ ਅਤੇ ਅਮੀਰ ਸੱਭਿਆਚਾਰਕ ਵਿਰਾਸਤ ਵਰਗੇ ਪਹਿਲੂਆਂ ਨੂੰ ਦੁਨੀਆ ਭਰ ਦੇ ਲੋਕਾਂ ਦੇ ਸਾਹਮਣੇ ਲੈ ਕੇ ਆਉਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੇ ਦਿਨ ਤੋਂ ਹੀ ਉਨ੍ਹਾਂ ਦੀ ਸਰਕਾਰ ਸਰਕਾਰੀ ਖਜਾਨੇ ਦੀ ਆਮਦਨ ਵਧਾਉਣ ਲਈ ਅਣਥੱਕ ਮਿਹਨਤ ਕਰ ਰਹੀ ਹੈ ਅਤੇ ਇਸ ਹੋਟਲ ਦੀ ਉਸਾਰੀ ਇਸ ਦਿਸਾ ਵਿੱਚ ਇੱਕ ਸਾਰਥਕ ਕਦਮ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭੂਗੋਲਿਕ ਤੌਰ ‘ਤੇ ਪੰਜਾਬ ਨੂੰ ਕੁਦਰਤ ਨੇ ਬਹੁਤ ਸੁੰਦਰ ਦ੍ਰਿਸ਼ਾਂ ਅਤੇ ਅਨਮੋਲ ਸਰੋਤਾਂ ਦਾ ਖਜ਼ਾਨਾ ਦਿੱਤਾ ਹੈ ਅਤੇ ਸੂਬਾ ਸਰਕਾਰ ਸੈਰ-ਸਪਾਟੇ ਨੂੰ ਨਵੀਂ ਸਿਖਰ ‘ਤੇ ਲੈ ਜਾਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਸੂਬੇ ਦੇ ਚੋਹਾਲ ਡੈਮ, ਰਣਜੀਤ ਸਾਗਰ ਡੈਮ, ਸਾਹਪੁਰ ਕੰਢੀ ਡੈਮ ਅਤੇ ਕੰਢੀ ਖੇਤਰਾਂ ਨੂੰ ਵਿਲੱਖਣ ਸੈਰ-ਸਪਾਟਾ ਸਥਾਨਾਂ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਖੇਤਰਾਂ ਨੂੰ ਸੈਰ-ਸਪਾਟਾ ਸਥਾਨ ਵਜੋਂ ਵਿਕਸਤ ਕਰਨ ਦੀ ਵੱਡੀ ਸੰਭਾਵਨਾ ਹੈ, ਜਿਸ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਗੋਆ, ਜੈਪੁਰ (ਰਾਜਸਥਾਨ), ਮੈਕਲੌਡਗੰਜ (ਹਿਮਾ-ਚਲ ਪ੍ਰਦੇਸ) ਅਤੇ ਹੋਰ ਰਾਜਾਂ ਵਿੱਚ ਵੀ ਜਮੀਨ ਹੈ, ਜਿਸ ਨੂੰ ਆਗਾਮੀ ਦਿਨਾਂ ਵਿੱਚ ਸੈਰ-ਸਪਾਟੇ ਦੇ ਸਥਾਨਾਂ ਵਜੋਂ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸੂਬੇ ਦੀਆਂ ਅਨਮੋਲ ਸੰਪਤੀਆਂ ਆਪਣੇ ਨਜਦੀਕੀ ਦੋਸਤਾਂ ਨੂੰ ਵੇਚੀਆਂ ਪਰ ਇਸ ਦੇ ਉਲਟ ਉਨ੍ਹਾਂ ਦੀ ਸਰਕਾਰ ਇਨ੍ਹਾਂ ਸਥਾਨਾਂ ਨੂੰ ਵੱਖ-ਵੱਖ ਨਜ਼ਰੀਏ ਤੋਂ ਵਿਕਸਤ ਕਰ ਰਹੀ ਹੈ। ਇੱਕ ਉਦਾਹਰਣ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਨੇ ਨਿੱਜੀ ਕੰਪਨੀ ਜੀ.ਵੀ.ਕੇ. ਪਾਵਰ ਤੋਂ ਗੋਇੰਦਵਾਲ ਪਾਵਰ ਪਲਾਂਟ ਨੂੰ ਖਰੀਦ ਕੇ ਇਤਿਹਾਸ ਰਚਿਆ ਹੈ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਇਹ ਦੇਖਣ ਨੂੰ ਮਿਲਿਆ ਹੈ ਕਿ ਸਰਕਾਰ ਨੇ ਕੋਈ ਨਿੱਜੀ ਪਾਵਰ ਪਲਾਂਟ ਖਰੀਦਿਆ ਹੈ, ਜਦੋਂ ਕਿ ਪਿਛਲੀਆਂ ਸਰਕਾਰਾਂ ਨੇ ਸੂਬੇ ਦੀਆਂ ਅਨਮੋਲ ਸੰਪਤੀਆਂ ਆਪਣੇ ਨੇੜਲੇ ਸਾਥੀਆਂ ਨੂੰ ‘ਕੌਡੀਆਂ ਦੇ ਭਾਅ‘ ਵੇਚ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬੇ ਦਾ ਪਹਿਲਾ ਵਿਰਾਸਤੀ ਹੋਟਲ ਹੈ ਅਤੇ ਸੂਬੇ ਦੀਆਂ ਇਤਿਹਾਸਕ ਇਮਾਰਤਾਂ ਦੀ ਸਰਬੋਤਮ ਵਰਤੋਂ ਕਰਕੇ ਅਜਿਹੇ ਹੋਰ ਪ੍ਰਾਜੈਕਟ ਵਿਕਸਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਕੁਦਰਤੀ ਤੌਰ ‘ਤੇ





ਸੁੰਦਰ ਦ੍ਰਿਸ਼ਾਂ ਨਾਲ ਭਰਪੂਰ ਹੈ, ਜਿਸ ਦੀ ਵਰਤੋਂ ਫਿਲਮ ਇੰਡਸਟਰੀ ਅਤੇ ਹੋਰ ਉਦਯੋਗ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਮਿਸਨ ਲਈ ਅਣਥੱਕ ਮਿਹਨਤ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸੂਬੇ ਵਿੱਚ ਸੈਰ-ਸਪਾਟਾ ਖੇਤਰ ਨੂੰ ਵੱਡਾ ਹੁਲਾਰਾ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸਹੀਦ-ਏ-ਆਜਮ ਭਗਤ ਸਿੰਘ ਦੇ ਜੱਦੀ ਪਿੰਡ ਵਿਖੇ ਇੱਕ ਵਿਰਾਸਤੀ ਗਲੀ ਦਾ ਨਿਰਮਾਣ ਕਰੇਗੀ, ਜੋ ਕੌਮੀ ਆਜਾਦੀ ਸੰਗਰਾਮ ਵਿੱਚ ਪੰਜਾਬ ਅਤੇ ਪੰਜਾਬੀਆਂ ਦੇ ਸਾਨਦਾਰ ਯੋਗਦਾਨ ਨੂੰ ਦਰਸਾਏਗੀ। ਉਨ੍ਹਾਂ ਕਿਹਾ ਕਿ ਇਹ 850 ਮੀਟਰ ਲੰਬੀ ਵਿਰਾਸਤੀ ਗਲੀ ਮੌਜੂਦਾ ਅਜਾਇਬ ਘਰ ਤੋਂ ਖਟਕੜ ਕਲਾਂ ਵਿਖੇ ਸਹੀਦ ਭਗਤ ਸਿੰਘ ਦੇ ਜੱਦੀ ਘਰ ਤੱਕ ਬਣਾਈ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਗਲੀ ਕੌਮੀ ਆਜਾਦੀ ਸੰਗਰਾਮ ਵਿੱਚ ਸੂਬੇ ਦੇ ਸਾਨਦ-ਾਰ ਯੋਗਦਾਨ ਨੂੰ ਦਰਸਾਉਂਦੀ ਹੈ, ਜੋ ਨੌਜਵਾਨਾਂ ਨੂੰ ਦੇਸ ਲਈ ਪੂਰੇ ਜੋਸ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੀ ਰਹੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਅਤੇ ਦੇਸ ਵਿੱਚ ਕਿਸੇ ਨੂੰ ਵੀ ਸਿਆਸੀ ਪਾਰਟੀਆਂ ਬਣਾਉਣ ਦਾ ਅਧਿਕਾਰ ਹੈ ਪਰ ਇਸ ਦੀ ਕਿਸਮਤ ਦਾ ਫੈਸਲਾ ਕਰਨਾ ਲੋਕਾਂ ਦੇ ਹੱਥ ਵਿੱਚ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਪਸੀ ਸਾਂਝ ਇੰਨੀ ਮਜਬੂਤ ਹੈ ਕਿ ਪੰਜਾਬ ਦੀ ਉਪਜਾਊ ਧਰਤੀ ‘ਤੇ ਇੱਥੇ ਕੁਝ ਵੀ ਉੱਗ ਸਕਦਾ ਹੈ ਪਰ ਨਫਰਤ ਦਾ ਬੀਜ ਨਹੀਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਸੰਤਾਂ ਅਤੇ ਪੀਰ-ਪੈਗੰਬਰਾਂ ਦੀ ਪਵਿੱਤਰ ਧਰਤੀ ਹੈ, ਜਿਨ੍ਹਾਂ ਨੇ ਸਾਨੂੰ ਆਪਸੀ ਪਿਆਰ ਅਤੇ ਸਹਿਣਸੀਲਤਾ ਦਾ ਰਸਤਾ ਦਿਖਾਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਟਿਆਲਾ ਦੇ 18ਵੀਂ ਸਦੀ ਦੇ ਕਿਲ੍ਹਾ ਮੁਬਾਰਕ ਕੰਪਲੈਕਸ ਦੇ ਅੰਦਰ ਸਥਿਤ, ਰਨ ਬਾਸ ਪੈਲੇਸ ਸੂਬੇ ਦੀ ਅਮੀਰ, ਸਾਹੀ ਅਤੇ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਣ ਬਾਸ ਵਿਲੱਖਣ 35 ਸੂਟਜ਼, ਲਜ਼ੀਜ਼ ਖਾਣ-ਪਾਣ ਤੋਂ ਇਲਾਵਾ ਸਿਹਤ ਤੇ ਤੰਦਰੁਸਤੀ ਲਈ ਵੱਖ-ਵੱਖ ਸਹੂਲਤਾਂ ਨਾਲ ਇਹ ਪੈਲੇਸ ਸੈਲਾਨੀਆਂ ਨੂੰ ਅਦਭੁੱਤ ਅਨੁਭਵ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਇਹ ਪੈਲੇਸ ਅਤੇ ਵਿਸ਼ਾਲ ਕਿਲ੍ਹਾ, ਸ਼ਾਹੀ ਸ਼ਹਿਰ ਪਟਿਆਲਾ ਦੀਆਂ ਰਿਵਾਇਤੀ ਪਰੰਪਰਾਵਾਂ ਤੋਂ ਲੈ ਕੇ ਮਹਿਲ ਦੀ ਵਾਸਤੂ ਕਲਾ ਤੱਕ ਇਸ ਦੀ ਅਮੀਰ ਵਿਰਾਸਤ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਆਪਣੀ ਕਿਸਮ ਦੇ ਪਹਿਲੇ ਹੋਟਲ ਵਿੱਚ ਸੂਬੇ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨੂੰ ਆਧੁਨਿਕ ਅਤੇ ਬਾਖੂਬੀ ਢੰਗ ਨਾਲ ਦਰਸਾਇਆ ਗਿਆ ਹੈ ਅਤੇ ਸੈਲਾਨੀਆਂ ਨੂੰ ਵਿਲੱਖਣ ਅਨੁਭਵ ਅਤੇ ਉੱਚ-ਪੱਧਰੀ ਸੇਵਾਵਾਂ ਪ੍ਰਦਾਨ ਕਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਾਨਦਾਰ ਕਿਲ੍ਹਾ ਭਾਰਤ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ ਅਤੇ ਇਹ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ, ਜੋ ਮੁਗਲ ਅਤੇ ਰਾਜਸਥਾਨੀ ਵਾਸਤੂ ਕਲਾ ਸੈਲੀਆਂ ਦੇ ਆਪਸੀ ਮਿਸ਼ਰਣ ਦੀ ਇੱਕ ਸਾਨਦਾਰ ਉਦਾਹਰਣ ਹੈ। ਉਨ੍ਹਾਂ ਨੇ ਪਟਿਆਲਾ ਨੂੰ ਇੱਕ ਸੈਰ-ਸਪਾਟਾ ਸਥਾਨ ਵਜੋਂ ਸਥਾਪਤ ਕਰਨ ਲਈ ਪੰਜਾਬ ਦੀ ਅਥਾਹ ਸੰਭਾਵਨਾ ਨੂੰ ਮਾਨਤਾ ਦਿੰਦਿਆਂ ਕਿਹਾ ਕਿ ਇਹ ਹੋਟਲ ਪੰਜਾਬ ਦੀ ਮਹਿਮਾਨ ਨਿਵਾਜੀ ਵਿੱਚ ਨਵੀਂ ਪੁਲਾਂਘ ਹੈ ।

ਮੁੱਖ ਮੰਤਰੀ ਨੇ ਉਮੀਦ ਪ੍ਰਗਟ ਕੀਤੀ ਕਿ ਇਹ ਵੱਕਾਰੀ ਪ੍ਰਾਜੈਕਟ ਸੈਰ-ਸਪਾਟੇ ਨੂੰ ਨਵੀਆਂ ਸਿਖਰਾਂ ‘ਤੇ ਲੈ ਜਾਣ ਦੇ ਨਾਲ-ਨਾਲ ਸਥਾਨਕ ਕਾਰੋਬਾਰਾਂ ਲਈ ਮੌਕੇ ਪੈਦਾ ਕਰੇਗਾ ਅਤੇ ਪਟਿਆਲਾ ਦੀ ਅਮੀਰ ਸੱਭਿਆਚਾਰਕ ਪਛਾਣ ਅਤੇ ਵਿਰਾਸਤ ਨੂੰ ਪ੍ਰਦਰਸ਼ਿਤ ਕਰਦਿਆਂ ਵਿਸਵ ਭਰ ਤੋਂ ਸੈਲਾਨੀਆਂ ਨੂੰ ਆਕਰਸ਼ਿਤ ਕਰੇਗਾ, ਜਿਸ ਨਾਲ ਖੇਤਰ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਮਿਲੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਹੋਟਲ ਨੂੰ ਪੰਜਾਬ ਦੇ ਪਹਿਲੇ ਲਗਜਰੀ ਪੈਲੇਸ ਹੋਟਲ ਵਜੋਂ ਬਹਾਲ ਕੀਤਾ ਗਿਆ ਹੈ, ਜੋ ਆਧੁਨਿਕ ਸਹੂਲਤਾਂ ਅਤੇ ਸੂਬੇ ਦੀ ਅਮੀਰ ਵਿਰਾਸਤ ਦਾ ਵਿਲੱਖਣ ਸੁਮੇਲ ਹੈ। ਉਨ੍ਹਾਂ ਕਿਹਾ ਕਿ ਇਹ ਮਹਿਲ ਮੁਗਲ, ਰਾਜਪੂਤ, ਸਿੱਖ ਅਤੇ ਬਸਤੀਵਾਦੀ ਵਾਸਤੂ ਕਲਾ ਅਤੇ ਸ਼ੈਲੀਆਂ ਦਾ ਅਦਭੁੱਤ ਸੁਮੇਲ ਹੈ, ਜੋ ਪੰਜਾਬ ਦੀ ਅਮੀਰ ਵਿਰਾਸਤ ਨੂੰ ਬਣਾਈ ਰੱਖਣ ਵਿੱਚ ਅਹਿਮ ਸਿੱਧ ਹੋਵ-ੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਤਿੰਨ ਮੰਜ਼ਿਲਾਂ ਵਿੱਚ ਫੈਲਿਆ ਇਹ ਹੋਟਲ ਆਧੁਨਿਕ ਸਹੂਲਤਾਂ ਨਾਲ ਲੈਸ ਹੈ, ਜਿਸ ਵਿੱਚ ਦਿਨ ਭਰ ਖਾਣ-ਪੀਣ ਦੀ ਸਹੂਲਤ ਵਾਲੇ ਰੇਸਤਰਾਂ ਨਾਲ ਹੋਰ ਬਹੁਤ ਕੁਝ ਸਾਮਲ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਨਦਾਰ ਰਿਹਾਇਸ ਦੀ ਪੇਸਕਸ ਦੇ ਨਾਲ-ਨਾਲ, ਰਨ ਬਾਸ-ਦ ਪੈਲੇਸ ਪ੍ਰਦਰਸਨੀ ਅਤੇ ਬੈਠਕ ਸਥਾਨਾਂ ਦੀ ਸਹੂਲਤ ਪ੍ਰਦਾਨ ਕਰਦਾ ਹੈ, ਜੋ ਨਿੱਜੀ ਸਮਾਗਮਾਂ ਅਤੇ ਜਸਨਾਂ ਵਿੱਚ ਸਾਹੀ ਅਹਿਸਾਸ ਭਰਨ ਲਈ ਪੂਰੀ ਤਰ੍ਹਾਂ ਸੰਪੂਰਨ ਹੈ। ਉਨ੍ਹਾਂ ਕਿਹਾ ਕਿ ਸੈਲਾਨੀਆਂ ਲਈ ਆਕਰਸ਼ਿਤ ਥਾਵਾਂ ਤੇ ਧਾਰਮਿਕ ਅਤੇ ਘੁੰਮਣ ਫਿਰਨ ਲਈ ਹੋਰ ਸਥਾਨਾਂ ਦੇ ਨੇੜੇ ਸਥਿਤ ਹੋਣ ਕਰ ਕੇ ਇਹ ਹੋਟਲ ਸ਼ਾਹੀ ਸ਼ਹਿਰ ਨੂੰ ਚੰਗੀ ਤਰ੍ਹਾਂ ਦੇਖਣ ਦਾ ਵਿਸ਼ਾਲ ਤਜਰਬਾ ਪ੍ਰਦਾਨ ਕਰਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਹੋਟਲ ਪੰਜਾਬ ਸਰਕਾਰ ਦੀ ਸੂਬੇ ਦੀ ਸਾਨਦਾਰ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੀ ਵਚਨਬੱਧਤਾ ਪ੍ਰਤੀ ਮਹੱਤਵਪੂਰਨ ਮੀਲ ਪੱਥਰ ਹੈ। ਉਨ੍ਹਾਂ ਕਿਹਾ ਕਿ ਆਪਣੀ ਸਾਨਦਾਰ ਸਥਿਤੀ ਅਤੇ ਢੁਕਵੀਂ ਰੇਲ, ਹਵਾਈ ਤੇ ਸੜਕੀ ਸੰਪਰਕ ਕਾਰਨ ਇਹ ਹੋਟਲ ਸੈਲਾਨੀਆਂ ਲਈ ਸੈਰ-ਸਪਾਟੇ ਦਾ ਪਸੰਦੀਦਾ ਸਥਾਨ ਬਣ ਜਾਵੇਗਾ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਪੰਜਾਬ ਨਾਲ ਵਿਤਕਰਾ-ਕੀ ਚੰਡੀਗੜ੍ਹ ਰਾਜ ਬਣੇਗਾ?

ਦਰਬਾਰਾ ਸਿੰਘ ਕਾਹਲੋਂ

ਪੰਜਾਬ, ਪੰਜਾਬੀਅਤ ਅਤੇ ਸਮੂਹ ਪੰਜਾਬੀ ਭਾਈਚਾਰੇ ਨੂੰ ਪਲੋਸਣ ਲਈ ਅਕਸਰ ਭਾਰਤ ਅੰਦਰ ਕੇਂਦਰੀ ਸਰਕਾਰਾਂ ਦੇ ਪ੍ਰਤੀਨਿਧ ਇੰਨਾਂ ਨੂੰ ਦੇਸ਼ ਦੀ ਖੜਗ ਭੁਜਾ ਅਤੇ ਅੰਨ-ਭੰਡਾਰ ਦੇ ਦਾਤੇ ਪੁਕਾਰਦੇ ਹਨ। ਪੰਜਾਬ ਭਾਰਤ ਦਾ ਅਤਿ ਸੰਵੇਦਨਸ਼ੀਲ ਸਰਹੱਦੀ ਸੂਬਾ ਹੈ ਜਿਸ ਦੀ ਕਰੀਬ 553 ਕਿਲੋਮੀਟਰ ਸਰਹੱਦ ਪਾਕਿਸਤਾਨ ਨਾਲ ਲਗਦੀ ਹੈ। ਇਸ ਰਾਜ ਦੀ ਵਿਲੱਖਣਤਾ ਇਹ ਵੀ ਹੈ ਕਿ ਇੱਥੇ ਸਿੱਖ ਭਾਈਚਾਰਾ ਬਹੁਗਿਣਤੀ ਵਿਚ ਵਸਦਾ ਹੈ ਜਿਵੇਂ ਜੰਮੂ ਕਸ਼ਮੀਰ ਵਿਚ ਮੁਸਲਿਮ, ਮਿਜ਼ੋਰਮ, ਨਾਗਾਲੈਂਡ, ਮੇਘਾਲਿਆ ਅਤੇ ਅਰੁਨਲਚਲ ਪ੍ਰਦੇਸ਼ ਪੂਰਬੀ ਚਾਰ ਰਾਜਾਂ ਵਿਚ ਈਸਾਈ ਭਾਈਚਾਰਾ ਬਹੁਗਿਣਤੀ ਵਿਚ ਹੈ।

ਮੁੱਖ ਸਕੱਤਰ : ਜਨਵਰੀ, 2025 ਦੀ ਕੇਂਦਰ ਸਰਕਾਰ ਦੀ ਗਜ਼ਟ ਨੋਟੀਫਿਕੇਸ਼ਨ ਰਾਹੀਂ ਪੰਜਾਬ ਦੀ ਛਾਤੀ ਵਿਚ ਇੱਕ ਰਾਜਨੀਤਕ ਅਤੇ ਪ੍ਰਸ਼ਾਸਨਿਕ ਛੁਰਾ ਘੋਂਪਿਆ ਗਿਆ ਹੈ। ਕੇਂਦਰ ਸਰਕਾਰ ਨੇ ਪੰਜਾਬ ਦੇ ਰਾਜਪਾਲ ਜੋ ਚੰਡੀਗੜ੍ਹ, ਕੇਂਦਰੀ ਸਾਸ਼ਤ ਇਲਾਕੇ ਦਾ ਪ੍ਰਸਾਸ਼ਕ ਵੀ ਹੁੰਦਾ ਹੈ, ਚੰਡੀਗੜ੍ਹ ਪ੍ਰਸਾਸ਼ਕ ਵਜੋਂ ਉਨਾਂ ਦੇ ਸਲਾਹਕਾਰ ਵਜੋਂ ਨਿਯੁਕਤ ਅਹੁਦੇ ਨੂੰ ਮੁੱਖ ਸਕੱਤਰ ਦੇ ਰੁਤਬੇ ਵਿਚ ਤਬਦੀਲ ਕਰ ਦਿਤਾ ਹੈ। ਇਹ ਕਦਮ ਚੰਡੀਗੜ੍ਹ ਨੂੰ ਇੱਕ ਪ੍ਰਦੇਸ਼ ਵਿਚ ਬਦਲ ਕੇ ਇੱਥੇ ਉੱਪ ਰਾਜਪਾਲ ਨਿਯੁਕਤ ਕਰਨ ਦਾ ਗੇਟ ਖੋਲ੍ਹਦਾ ਹੈ।







ਸਮਾਂ : ਕੇਂਦਰ ਅੰਦਰ ਭਾਜਪਾ ਦੀ ਅਗਵਾਈ ਵਾਲੀ ਨਰੇਂਦਰ ਮੋਦੀ ਸਰਕਾਰ ਨੇ ਅਜਿਹਾ ਹਮਲਾ ਪੰਜਾਬ ਤੇ ਕਰਨ ਲਈ ਬਹੁਤ ਹੀ ਮਾਕੂਲ ਸਮਾਂ ਚੁਣਿਆ ਹੈ। ਇੱਕ, ਦਿੱਲੀ ਅੰਦਰ 5 ਫਰਵਰੀ, 2025 ਨੂੰ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਸੱਤਾਧਾਰੀ ਆਮ ਆਦਮੀ ਪਾਰਟੀ ਦੀ ਪੂਰੀ ਦੀ ਪੂਰੀ ਭਗਵੰਤ ਮਾਨ ਸਰਕਾਰ, 94 ਵਿਧਾਇਕ, ਚੇਅਰਮੈਨ, ਪੂਰਾ ਪਾਰਟੀ ਕਾਡਰ ਦਿੱਲੀ ਢੁੱਕਾ ਹੋਇਆ ਹੈ। ਅਫਸਰਸ਼ਾਹ ਪਿੱਛੋਂ ਬੁੱਲ੍ਹੇ ਲੁੱਟ ਰਹੇ ਹਨ। ਪੰਜਾਬ ਵਿਚੋਂ ਸਰਕਾਰ ਗੁੰਮ ਹੈ। ਸਕਤਰੇਤ ਵਿਚ ਉੱਲੂ ਬੋਲ ਰਹੇ ਹਨ। ਦੂਸਰੇ, ਸੁੱਖ ਵਿਰੋਧੀ ਧਿਰ ਕਾਂਗਰਸ ਪਾਰਟੀ ਆਗੂ, ਵਿਧਾਇਕ ਅਤੇ ਪਾਰਟੀ ਕਾਡਰ ਦਿੱਲੀ ਚੋਣਾਂ ਵਿਚ ਹਾਈ ਕਮਾਨ ਦੇ ਨਿਰਦੇਸ਼ਾਂ ਕਰਕੇ ਢੁੱਕਾ ਹੋਇਆ ਹੈ। ਤੀਸਰੇ, ਪੰਜਾਬ ਦੇ ਹੱਕਾਂ ਅਤੇ ਹਿੱਤਾਂ ਲਈ ਲੜਨ ਵਾਲਾ ਸ਼੍ਰੋਮਣੀ ਅਕਾਲੀ ਦਲ, ਪਾਰਟੀ ਅੰਦਰ ਸਰਕਾਰੀ ਲਈ ਅਤਿ ਸ਼ਰਮਨਾਕ, ਸਿਧਾਂਤਹੀਨ ਅਤੇ ਇੱਕ-ਦੂਜੇ ਦੀ ਅਤਿ ਨੀਵਾਣਾ ਭਰੀ ਖਾਨਾਜੰਗੀ ਵਿਚ ਹਾਲੋ-ਬੇਹਾਲ ਹੈ। ਚੌਥੇ, ਭਾਜਪਾ ਅਤੇ ਬਸਪਾ ਐਸੀ ਸਥਿਤੀ ਵਿਚ ਕੱਛਾਂ ਵਜਾਉਂਦੇ ਤਮਾਸ਼ਾ ਤੱਕ ਰਹੇ ਹਨ। ਪੰਜਵੀਂ, ਪੰਜਾਬ ਦੀ ਤਾਕਤਵਰ ਧਿਰ ਕਿਸਾਨੀ ਆਪਣੀਆਂ ਮੰਗਾਂ ਨੂੰ ਲੈ ਕੇ ਮਸਰੂਫ਼ ਹੈ। ਕਿਸਾਨੀ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਵੀ ਸਮੁੱਚੀ ਕਿਸਾਨ ਲਈ ਚਿੰਤਾ ਦਾ ਵਿਸ਼ਾ ਬਣਿਆ ਪਿਆ ਹੈ। ਸੋ ਐਸੀ ਰਾਜਨੀਤਕ ਮਾਰਧਾੜ, ਪਾਟੋਧਾੜ, ਟਕਰਾਅ ਭਰੀ ਸਥਿਤੀ ਵਿਚ ਪੰਜਾਬ ਦੀ ਕਿਸੇ ਨੂੰ ਕੋਈ ਫਿਕਰ ਨਹੀਂ। ਅਜਿਹੇ ਵਿਚ ਕੇਂਦਰ ਸਰਕਾਰ ਨੇ ਪੰਜਾਬ ਦੇ ਚੰਡੀਗੜ੍ਹ ਤੇ ਦਾਅਵੇ ਨੂੰ ਲਗਭੱਗ ਖ਼ਤਮ ਕਰਨ ਲਈ ਅਸਹਿ ਸੱਟ ਮਾਰੀ ਹੈ।

ਨੀਤੀ : 15 ਅਗਸਤ, 1947 ਵਿਚ ਦੇਸ਼ ਅਜ਼ਾਦੀ ਬਾਅਦ ਭਾਰਤ ਦੇ ਕਾਲੇ ਸਾਸ਼ਕਾਂ ਨੇ ਬਿਲਕੁਲ ਆਪਣੇ ਪੂਰਵਧਿਕਾਰੀ ਬ੍ਰਿਟਿਸ਼ਰ ਗੋਰੇ ਸਾਸ਼ਕਾਂ ਦੀ ਪੰਜਾਬ ਪ੍ਰਤੀ ਨੀਤੀ ਨੂੰ ਅਪਣਾਇਆ। 2 ਅਪਰੈਲ, 1849 ਨੂੰ ਬ੍ਰਿਟਿਸ਼ ਈਸਟ ਇੰਡੀਆ ਕੰਪਨੀ ਵੱਲੋਂ ਪੰਜਾਬ ਅੰਦਰ ਸਿੱਖ ਰਾਜ ਦਾ ਭੋਗ ਪਾ ਕੇ ਆਪਣੇ ਅਧੀਨ ਕਰ ਲਿਆ। ਉਨਾਂ ਨੂੰ ਪਤਾ ਸੀ ਕਿ ਸਿੱਖ ਇੱਕ ਜੰਗਜੂ ਕੌਮ ਹੈ। ਉਹ ਮੁੜ੍ਹ ਵਿਦਰੋਹ ਕਰ ਸਕਦੀ ਹੈ। ਇਸ ਲਈ ਉਸ ਨੂੰ ਖੇਤੀ ਧੰਦੇ ਵੱਲ ਰੁਚਿੱਤ ਕਰਦੇ ਪੰਜਾਬ ਵਿਚ ਨਹਿਰਾਂ ਦਾ ਜਾਲ ਵਿਛਾ ਕੇ ਦੱਖਣੀ- ਪੱਛਮੀ ਪੰਜਾਬ ਵਿਚ ਬਾਰ ਅਬਾਦ ਕਰਨ ਲਈ ਵੱਡੇ ਪੱਧਰ ’ਤੇ ਜ਼ਮੀਨਾਂ ਦੀ ਅਲਾਟ ਮੈਂਟ ਕੀਤੀ। ਸੰਨ 1907 ਵਿਚ ਤਿੰਨ ਖੇਤੀ ਸਬੰਧੀ ਕਾਲੇ ਕਾਨੂੰਨ ਵੀ ਜੋ ਵੱਡੀ ਹਿੰਸਕ ‘ਪੱਗੜੀ ਸੰਭਾਲਓ ਜੱਟਾ’ ਲਹਿਰ ਕਰਕੇ ਅੰਗਰੇਜ਼ ਨੂੰ ਵਾਪਸ ਲੈਣੇ ਪਏ। ਸਿੱਖਾਂ ਨੂੰ ਧਾਰਮਿਕ ਤੌਰ ’ਤੇ ਉਲਝਾਈ ਰੱਖਣ ਲਈ ਸੰਤਾਂਮਹੰਤਾਂ ਅਤੇ ਡੇਰੇਦਾਰਾਂ ਨੂੰ ਰਾਜਕੀ ਹਮਾਇਤ ਜਾਰੀ ਰਖੀ। ਉਨਾਂ ਨੂੰ ਗੁਰਦੁ-ਵਾਰਾ ਸੁਧਾਰ ਲਹਿਰ ਰਾਹੀਂ ਵੱਡੀ ਕੁਰਬਾਨੀਆਂ ਭਰੀ ਜਦੋ-ਜਹਿਦ ਕਰਨੀ ਪਈ। 15 ਨਵੰਬਰ, 1920 ਨੂੰ ਸ਼੍ਰੋਮਣੀ ਗੁਰਦੁਵਾਰਾ ਪ੍ਰਬੰਧਕ ਕਮੇਟੀ ਅਤੇ 14 ਦਸੰਬਰ, 1920 ਨੂੰ ਸ਼੍ਰੋਮਣੀ ਅਕਾਲੀ ਦਲ ਇਸੇ ਦੀ ਉਪਜ ਹਨ।

ਦੇਸ਼ ਅਜ਼ਾਦੀ ਬਾਅਦ ਭਾਰਤੀ ਗ੍ਰਹਿ ਮੰਤਰਾਲੇ ਨੇ ਇੱਕ ਨਿਰਦੇਸ਼ ਰਾਹੀਂ ਸਿੱਖ ਭਾਈਚਾਰੇ ਨੂੰ ਅਪਮਾਨਜਨਕ ਭਾਸ਼ਾ ਪ੍ਰਯਗ ਕਰਦੇ ਅਪਰਾਧੀ ਕਿਸਮ ਦੇ ਲੋਕ ਦੱਸ ਕੇ ਇੰਨਾਂ ਤੇ ਕੜੀ ਨਜ਼ਰ ਰੱਖਣ ਲਈ ਕਿਹਾ।

ਪੰਥਕ ਸ਼ਕਤੀਆਂ ਦੀ ਪ੍ਰਤੀਨਿੱਧਤਾ ਕਰਨ ਵਾਲੇ ਸ਼੍ਰੋਮਣੀ ਅਕਾਲੀ ਦਲ ਨੂੰ ਰਾਜਨੀਤਕ ਤੌਰ ’ਤੇ ਉਲਝਾਈ ਰੱਖਣ ਲਈ ਸੰਨ 1953 ਵਿਚ ਗਠਤ ਭਾਸ਼ਾ ਅਤੇ ਸਭਿਆਚਾਰ ਦੇ ਅਧਾਰ ਤੇ ਰਾਜਾਂ ਦੇ ਪੁਨਰਗਠਨ ਲਈ ਫਜ਼ਲ ਅਲੀ ਕਮਿਸ਼ਨ ਗਠਤ ਕੀਤਾ ਗਿਆ। ਸੰਨ 1956 ਵਿਚ ਇਸ ਦੀਆਂ ਸ਼ਿਫਾਰਿਸ਼ਾਂ ਤੇ ਜੋ ਰਾਜ ਵੰਡੇ, ਪੇਰੈਂਟ ਰਾਜਾਂ ਨੂੰ ਪਹਿਲੀਆਂ ਰਾਜਧਾਨੀਆਂ ਸੌਂਪੀਆਂ। ਨਵੇਂ ਰਾਜਾਂ ਨੇ ਆਪਣੀਆਂ ਨਵੀਆਂ ਰਾਜਧਾਨੀਆਂ ਬਣਾਈਆਂ। ਪੰਜਾਬ ਦੀ ਵੰਡ ਨਾ ਕੀਤੀ ਤਾਂ ਕਿ ਅਕਾਲੀ ਅਤੇ ਪੰਜਾਬੀ ਇਸ ਲਈ ਰੁੱਝੇ ਰਹਿਣ।

ਕਾਣੀ ਵੰਡ : ਪਹਿਲੀ ਨਵੰਬਰ, 1966 ਨੂੰ ਪੰਜਾਬ ਪੁਨਰਗਠਨ ਐਕਟ ਅਧੀਨ ਪੰਜਾਬ ਅਤੇ ਹਰਿਆਣਾ ਸੂਬੇ ਗਠਤ ਕੀਤੇ। ਚੰਡੀਗੜ੍ਹ 5 ਸਾਲ ਤੱਕ ਕੇਂਦਰੀ ਸਾਸ਼ਤ ਇਲਾਕਾ ਰੱਖ ਕੇ ਬਾਅਦ ਵਿਚ ਪੰਜਾਬ ਨੂੰ ਰਾਜਧਾਨੀ ਵਜੋਂ ਦਿਤਾ ਜਾਵੇਗਾ ਜਦੋਂ ਹਰਿਆਣਾ ਆਪਣੀ ਵੱਖ਼ਰੀ ਰਾਜਧਾਨੀ ਬਣਾ ਲਵੇਗਾ। ਪੰਜਾਬ ਦੇ ਦਰਿਆਵਾਂ ਦੇ ਹੈੱਡ ਵਰਕਸਾਂ ਤੇ ਕੇਂਦਰ ਨੇ ਕੰਟਰੋਲ ਕਰ ਲਿਆ। ਪਾਣੀਆਂ ਦੀ ਵੰਡ ਵਿਚੇ ਲਟਕਦੀ ਰਹਿਣ ਦਿਤੀ। ਇਹ ਵੀ ਅੰਗਰੇਜ਼ ਨੀਤੀ ਦੇ ਅਧਾਰ ਤੇ ਪੰਜਬੀਆਂ ਨੂੰ ਲਗਾਤਾਰ ਇੰਨਾਂ ਮੁੱਦਿਆਂ ਤੇ ਉਲਝਾਈ ਰੱਖਣ ਲਈ ਇਹ ਮੁੱਦੇ ਜਾਣ ਬੁੱਝ ਕੇ ਭਾਰਤੀ ਸੰਵਿਧਾਨ ਉੱਲਟ ਪੁਨੰਰਗਠਨ ਧਾਰਾ 78,79,80 ਅਧੀਨ ਪੈਦਾ ਕੀਤੇ।

ਦੇਸ਼ ਅੰਦਰ ਐਮਰਜੈਂਸੀ ਦੇ ਕਾਲੇ ਦੌਰ ਵਿਚ ਪੰਜਾਬ ਪਾਣੀਆਂ ਸਬੰਧੀ ‘ਇੰ-ਦਰਾ ਐਵਾਰਡ’, ਸਤਲੁਜਯਮੁਨਿਕ ਨਹਿਰ ਸਬੰਧੀ ‘ਨਹਿਰ ਰੋਕੋ’ ਕਪੂਰੀ ਮੋਰਚਾ 24 ਅਗਸਤ, 1982 ਪੰਜਾਬ ਵਿਚ ਰਾਜਕੀ ਅਤੇ ਗੈਰਰਾਜਕੀ ਲਹੂ ਵੀਟਵੇਂ ਅੱਤਵਾਦ, ਨੀਲਾ ਤਾਰਾ ਅਪ੍ਰੇਸ਼ਨ ਤਹਿਤ ਭਾਰਤੀ ਰਾਜ ਵਲੋਂ ਦਰਬਾਰ ਸਾਹਬਿ, ਅੰਮ੍ਰਿਤਸਰ ਸਮੇਤ 37 ਗੁਰਦਵਾਰਿਆਂ ਤੇ ਫ਼ੌਜੀ ਹਮਲੇ ਅਤੇ ਸਿੱਖ ਨੌਜਵਾਨਾਂ ਦੇ ਨਸਲਘਾਤ ਦਾ ਕਾਰਨ ਬਣਿਆ।

ਸਾਜਿਸ਼ਾਂ : ਚੰਡੀਗੜ੍ਹ ਨੂੰ ਕੇਂਦਰੀ ਸਾਸ਼ਤ ਪ੍ਰਦੇਸ਼ ਰੱਖ ਕੇ ਇਸ ਦੇ ਪ੍ਰਬੰਧ ਲਈ ਇੱਕ ਮੁੱਖ ਕਮਿਸ਼ਨਰ ਨਿਯੁਕਤ ਕੀਤਾ। ਪਹਿਲਾ ਮੁੱਖ ਕਮਿਸ਼ਨਰ ਸੰਨ 1966 ਵਿਚ ਮਹਿੰਦਰ ਸਿੰਘ ਰੰਧਾਵਾ ਨਿਯੁਕਤ ਕੀਤਾ। 1 ਮਈ, 1964 ਤੱਕ 7 ਕਮਿਸ਼ਨਰ ਰਹੇ। ਹਿਸ ਪ੍ਰਬੰਧ ਅਧੀਨ ਡਿਪਟੀ ਕਮਿਸ਼ਨਰ ਹਰਿਆਣਾ ਅਤੇ ਐਸ.ਐਸ.ਪੀ. ਪੰਜਾਬ ਦਾ ਲਗਦਾ ਰਿਹਾ। ਰਾਜਧਾਨੀ ਪੰਜਾਬ ਅਤੇ ਹਰਿਆਣਾ ਦੀ ਸਾਂਝੀ ਰਹੀ। ਚੰਡੀਗੜ੍ਹ ਪ੍ਰਬੰਧ ਲਈ 60 ਪ੍ਰਤੀਸ਼ਤ ਪੰਜਾਬ ਅਤੇ 40 ਪ੍ਰਤੀਸ਼ਤ ਹਰਿਆਣਾ ਦੇ ਮੁਲਾਜ਼ਮ ਤਾਇਨਾਤ ਰਹਿਣਗੇ। ਹੁਣ ਤਾਂ ਪੰਜਾਬ ਦੇ ਮਸਾਂ 2 ਪ੍ਰਤੀਸ਼ਤ ਹਨ। ਕਿਆ ਤਮਾਸ਼ਾ!

ਅਪਰੇਸ਼ਨ ਨੀਲਾ ਤਾਰਾ ਦੇ ਅਮਲ ਵੇਲੇ ਪੰਜਾਬ ਦੇ ਰਾਜਪਾਲ ਬੀ.ਡੀ.ਪਾਂਡੇ ਨੂੰ ਚੰਡੀਗੜ੍ਹ ਦਾ ਪ੍ਰਸਾਸ਼ਕ ਨਿਯੁਕਤ ਕਰ ਦਿਤਾ, ਜੋ ਅੱਜ ਵੀ ਵਿਵਸਥਾ ਕਾਇਮ ਹੈ। ਚੀਫ ਕਮਿਸ਼ਨਰ ਦੀ ਥਾਂ ਉਨਾਂ ਨਾਲ ਇੱਕ ਸਲਾਹਕਾਰ ਪਦ ਵੱਜੋਂ ਨਿਯੁਕਤੀ ਕੀਤੀ ਜੋ ਚੰਡੀਗੜ੍ਹ ਦੇ ਪ੍ਰਬੰਧ ਵਿਚ ਉਨਾਂ ਦੀ ਮਦਦ ਕਰੇਗਾ। ਇਹ ਵਿਵਸਥਾ 1 ਮਈ, 1984 ਵਿਚ ਅਮਲ ਵਿਚ ਆਈ। 3 ਮਈ, 1984 ਨੂੰ ਪਹਿਲਾ ਸਲਾਹਕਾਰ ਲੈਫਟੀਨੈਂਟ ਜਨਰਲ ਰਣਜੀਤ ਸਿੰਘ ਦਿਆਲ ਨਿਯੁਕਤ ਕੀਤਾ। ਸੁਰੱਖਿਆ ਵੀ ਇਸ ਅਧੀਨ ਸੀ। ਦਰਅਸਲ ਪੰਜਾਬ ਅਤੇ ਚੰਡੀਗੜ੍ਹ ਪੂਰਨ ਰੂਪ ਵਿਚ ਮਿਲਟਰੀ ਸਾਸ਼ਨ ਅਧੀਨ ਕਰ ਦਿੱਤਾ ਗਿਆ। ਇਸੇ ਦਿਨ ਤੀਸਰਾ ਘੱਲੂਘਾਰਾ ਨੀਲਾ ਤਾਰਾ ਅਪਰੇਸ਼ਨ ਚਲਾਇਆ ਗਿਆ।

ਫਰੈਂਚ ਆਰਕੀਟੈਕਟ ਲੀ ਕਾਰਬੂਜ਼ੇ ਦੁਆਰਾ ਯੋਜਨਾ ਬੰਧੀ ਤਹਿਤ 114 ਵਰਗ ਕਿਲੋਮੀਟਰ ਵਿਚ ਵਸਾਇਆ ਅਤਿ ਆਧੁਨਿਕ ਸ਼ਹਿਰ ਚੰਡੀਗੜ੍ਹ 7 ਅਕਤੂਬਰ, 1953 ਨੂੰ ਸਾਂਝੇ ਪੰਜਾਬ ਦੀ ਰਾਜਧਾਨੀ ਬਣਿਆ। ਦੇਸ਼ ਦੀ ਵੰਡ ਤੋਂ ਪਹਿਲਾਂ ਪੰਜਾਬ ਦੀ ਸ਼ਾਨਾਮਤੀ ਰਾਜਧਾਨੀ ਲਾਹੌਰ ਸੀ। ਚੰਡੀਗੜ੍ਹ 27 ਪੰਜਾਬੀ ਭਾਸ਼ਾਈ ਪਿੰਡ ਉਜਾੜ ਕੇ ਉਸਾਰਿਆ ਸੀ ਜਿਸ ਨੂੰ ਪਤਾ ਨਹੀਂ ਕਿਸ ਦੀ ਕੈਰੀ ਨਜ਼ਰ ਲਗੀ ਨਾ ਇਹ ਪਹਿਲੀ ਨਵੰਬਰ, 1966 ਬਾਅਦ ਪੰਜਾਬ ਦੀ ਰਾਜਧਾਨੀ ਬਣ ਸਕਿਆ, ਨਾ ਹੀ ਪੰਜਾਬੀ ਭਾਸ਼ਾ ਇੱਥੇ ਕੇਂਦਰੀ ਸ਼ਾਸ਼ਤ ਇਲਾਕੇ ਦੀ ਰਹੀ।

ਰਾਜੀਵ ਲੌਂਗੋਵਾਲ ਸਮਝੌਤਾ 24 ਜੁਲਾਈ, 1984 ਕੇਂਦਰ ਸਰਕਾਰ ਦਾ ਪੰਜਾਬ ਨਾਲ ਬਦਮਾਸ਼ੀ ਭਰਿਆ ਇਤਿਹਾਸਕ ਛੱਲ ਸੀ, ਅਨੁਸਾਰ, 26 ਜਨਵਰੀ, 1986 ਨੂੰ ਚੰਡੀਗੜ੍ਹ ਪੰਜਾਬ ਨੂੰ ਸੌਂਪਣਾ ਸੀ, ਬੋਰਡ ਲਗ ਗਏ, ਰੈਵੀਨਿਊ ਰਿਕਾਰਡ ਬਦਲ ਦਿਤਾ ਪਰ ਐਨ ਮੌਕੇ ਪੰਜਾਬ ਵਿਰੋਧੀ, ਸਿੱਖ ਭਾਈਚਾਰੇ ਦਾ ਨਸਲਘਾਤੀ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਮੁੱਕਰ ਗਿਆ, ਅਖੇ ਕੁੱਝ ਸੂਬਿਆਂ ਵਿਚ ਚੋਣਾਂ ਹੋਣ ਕਰਕੇ ਤਿੰਨ ਮਹੀਨੇ ਬਾਅਦ ਦੇ ਦੇਵਾਂਗੇ। ਕਮਜ਼ੋਰ ਅਤੇ ਸੱਤਾ ਦਾ ਭੁੱਖਾ ਤੱਤਕਾਲੀ ਮੁੱਖ ਮੰਤਰੀ, ਪੰਜਾਬ ਸੁਰਜੀਤ ਸਿੰਘ ਬਰਨਾਲਾ ਖਾਮੋਸ਼ ਰਿਹਾ। ਲੇਖਕ ਨੇ ਰੋਪੜ ਗੈਸਟ ਹਾਊਸ ਵਿਚ ਉਨਾਂ ਨੂੰ ਜਦੋਂ ਕਿਹਾ ਕਿ ਜੇ ਉਸ ਦਿਨਿ ਉਹ ਪ੍ਰੋਟੈਸਟ ਵਜੋਂ ਆਪਣਾ ਅਸਤੀਫਾ ਰਾਜੀਵ ਗਾਂਧੀ ਦੇ ਮੂੰਹ ਤੇ ਮਾਰ ਦਿੰਦੇ ਤਾਂ ਉਨਾਂ ਦਾ ਨਾਮ ਪੰਜਾਬ ਦੇ ਇਤਿਹਾਸ ਵਿਚ ਸੁਨਹਿਰੀ ਅੱਖ਼ਰਾਂ ਵਿਚ ਲਿਖਿਆ ਜਾਂਦਾ ਰਾਜੀਵ ਉਨਾਂ ਨੇ ਲੇਖਕ ਨਾਲ ਇਹ ਇਤਿਹਾਸਕ ਗੱਲਤੀ ਮੰਨੀ। ਅਬ ਪਛਤਾਏ ਕਿਆ ਹੋਤ!

24 ਮਈ, 1994 ਨੂੰ ਚੰਡੀਗੜ੍ਹ ਦੇ ਲੋਕਤੰਤਰੀ ਪ੍ਰਬੰਧ ਲਈ ਮਿਊਂਸਪਲ ਕਾਰਪੋਰੇਸ਼ਨ ਦਾ ਗਠਨ ਕੀਤਾ ਗਿਆ। ਇਸ ਅੰਦਰ ਪੰਚਾਇਤੀ ਸਿਸਟਮ ਦਾ ਭੋਗ ਪੈ ਗਿਆ।

ਹਰਿਆਣਾ ਨੇ ਪੰਚਕੂਲਾ, ਪੰਜਾਬ ਨੇ ਮੋਹਾਲੀ ਵਿਖੇ ਵੱਡੇ ਪੱਧਰ ਤੇ ਸਰਕਾਰੀ ਦਫ਼ਤਰ ਤਬਦੀਲ ਕਰ ਰਖੇ ਨੇ। ਸ਼ਾਇਦ ਇੰਨਾਂ ਮੰਨ ਲਿਆ ਕਿ ਚੰਡੀਗੜ੍ਹ ਕੇਂਦਰੀ ਸਾਸ਼ਤ ਪ੍ਰਦੇਸ਼ ਬਣ ਰਿਹਾ ਹੈ। ਦੋਹਾਂ ਰਾਜਾਂ ਦੇ ਹਰ ਪਾਰਟੀ ਦੇ ਆਗੂ ਨੇ ਲੋਕਾਂ ਅਤੇ ਰਾਜਾਂ ਨੂੰ ਲੁੱਟ-ਲੁੱਟ ਚੰਡੀਗੜ੍ਹ, ਮੁਹਾਲੀ, ਪੰਚਕੂਲੇ, ਨਵੇਂ ਚੰਡੀਗੜ੍ਹ ਜ਼ਮੀਨਾਂ, ਜਾਇਦਾਦਾਂ, ਦੋਹਰੀਆਂਦੋਹਰੀਆਂ ਕੋਠੀਆਂ ਦੇ ਅੰਬਾਰ ਲਾਏ ਹੋਏ ਨੇ। ਇਹੀ ਹਾਲ ਅਫ਼ਸਰਸ਼ਾਹੀ, ਗੈਂਗਸਟਰਾਂ, ਵੱਡੇ-ਵੱਡੇ ਕਾਲੇ ਕਾਰੋਬਾਰੀਆਂ ਦਾ ਹੈ।

ਕੇਂਦਰ ਅੰਦਰ ਸ਼੍ਰੀ ਮੋਦੀ ਸਰਕਾਰ ਨੇ ਲਗਾਤਾਰ ਪੰਜਾਬ ਨੂੰ ਬੁਰੀ ਤਰ੍ਹਾਂ ਉਲਝਾਇਆ ਹੋਇਆ ਹੈ। ਅਕਤੂਬਰ 11,2021 ਤੋਂ 15 ਦੀ ਥਾਂ 50 ਕਿਲੋਮੀਟਰ ਕੌਮਾਂਤਰੀ ਸਰਹੱਦ ਤੋਂ ਬੀ.ਐਸ.ਐਫ. ਸੁਰੱਖਿਆ ਅਧੀਨ ਕਰਨਾ, ਹਰਿਆਣਾ ਨੂੰ ਚੰਡੀਗੜ੍ਹ ਵਿਚ ਵਿਧਾਨ ਸਭਾ ਉਸਾਰੀ ਲਈ 10 ਏਕੜ ਜ਼ਮੀਨ ਦੇਣਾ, ਪੰਚਕੂਲੇ ਵਿਚ 12 ਏਕੜ ਬਦਲੇ (ਫਿਰ ਪੰਚਕੂਲੇ ਵਿਚ ਵਿਧਾਨ ਸਭਾ ਦੀ ਓਸਾਰੀ ਕਿਉਂ ਨਹੀਂ, ਬਸ ਟਿੰਡ ਵਿਚ ਕਾਨਾ) ਸਾਬਕਾ ਰਾਜਪਾਲ ਬਨਵਾਰੀ ਲਾਲ ਪ੍ਰੋਹਿਤ ਦੀਆਂ ਕੇਂਦਰ ਦੀ ਸ਼ਹਿ ਤੇ ਆਏ ਦਿਨ ਪੰਜਾਬ ਸਰਕਾਰ ਅਤੇ ਪੰਜਾਬੀਆਂ ਚੂੰਢੀਆਂ।

ਪੰਜਾਬੀ ਵਿਚ ਰਾਸ਼ਟਰਪਤੀ ਰਾਜ ਦੌਰਾਨ ਚਡੀਗੜ੍ਹ ਪੁਲਿਸ ਮੁਖੀ ਦਾ ਰੁਤਬਾ ਪਹਿਲਾਂ ਪੂਰੇ ਰਾਜ ਦੇ ਰੁਤਬੇ ਡੀ.ਜੀ.ਪੀ. ਤੱਕ ਵਧਾ ਦਿਤਾ ਸੀ। ਹੁਣ ਮੁੱਖ ਸਕੱਤਰ ਨਿਯੁਕਤ ਕਰਨਾ ਭਾਵ ਅੱਗਲਾ ਕਦਮ ਪੂਰਾ ਰਾਜ। ਕਾਂਗਰਸ ਦੇ ਸਾਂਸਦ ਮੁਨੀਸ਼ ਤਿਵਾੜੀ ਨੇ ਚੋਣ ਲੜਨ ਸਮੇਂ ਚੰਡੀਗੜ੍ਹੀਆਂ ਨਾਲ ਪੂਰੇ ਰਾਜ ਅਤੇ ਵੱਖਰੀ ਵਿਧਾਨ ਸਭਾ ਦੇ ਗਠਨ ਦਾ ਵਾਅਦਾ ਕੀਤਾ ਸੀ। ਹੁਣ ਵਿਰੋਧੀ ਧਿਰ ਆਗੂ ਪ੍ਰਤਾਪ ਸਿੰਘ ਬਾਜਵਾ ਕਿਹੜੇ ਮੂੰਹ ਨਾਲ ਵਿਰੋਧ ਕਰ ਰਹੇ ਹਨ? ਆਮ ਆਦਮੀ ਪਾਰਟੀ ਗੋਂਗਲੂਆਂ ਤੋਂ ਮਿੱਟੀ ਝਾੜ ਰਹੀ ਹੈ। ਇਹੀ ਹਾਲ ਅਕਾਲੀ ਆਗੂ ਸੁਖਬੀਰ ਬਾਦਲ ਦਾ ਹੈ। ਸੰਨ 2007 ਤੋਂ 2017 ਵਿਚ ਅਕਾਲੀਭਾਜਪਾ ਸਰਕਾਰ ਵੇਲੇ ਕਿਸੇ ਨੇ ਚੂੰ-ਚਾਂ ਨਹੀਂ ਕੀਤੀ। ਜੇ ਭਗਵੰਤ ਮਾਨ ਸਰਕਾਰ ਸੁਹਿਰਦ ਹੁੰਦੀ ਤਾਂ ਤੁਰੰਤ ਸਰਬ ਪਾਰਟੀ ਮੀਟਿੰਗ ਬੁਲਾਉਂਦੀ, ਵਿਧਾਨ ਸਭਾ ਦਾ ਵਿਸ਼ੇਸ਼ ਸਦਨ ਸੱਦ ਕੇ ਮੁੱਖ ਸਕੱਤਰ ਨਿਯੁਕਤੀ ਰੱਦ ਕਰਨ ਸਬੰਧੀ ਮਤਾ ਪਾਸ ਕਰਕੇ ਮੋਦੀ ਸਰਕਾਰ ਤੇ ਦਬਾਅ ਪਾਉਂਦੀ। ਸਰਬ ਪਾਰਟੀ ਕਮੇਟੀ ਉਦੋਂ ਤੱਕ ਸੰਘਰਸ਼ ਦੀ ਰੂਪ ਰੇਖਾ ਤਿਆਰ ਕਰਦੀ ਜਦ ਤੱਕ ਕੇਂਦਰ ਇਹ ਹੁਕਮ ਵਾਪਸ ਨਾ ਲੈਂਦਾ। ਵੇਖੋ! ਊਠ ਕਿਸ ਕਰਵਟ ਬੈਠਦਾ ਹੈ।

ਸਾਬਕਾ ਰਾਜ ਸੂਚਨਾ ਕਮਿਸ਼ਨਰ ਪੰਜਾਬ,
ਕਿੰਗਸਟਨ ਕੈਨੇਡਾ।
+12898292929



